# Official Spokesperson's response to a query about remarks by Chinese MFA Spokesperson on 29 September 2021 regarding the border situation

September 30, 2021

……………………………………………………………………..

# ਸਰਹੱਦੀ ਹਾਲਾਤ ਬਾਰੇ 29 ਸਤੰਬਰ, 2021 ਨੂੰ ਚੀਨੀ ਵਿਦੇਸ਼ ਮੰਤਰੀ ਦੇ ਬੁਲਾਰੇ ਦੁਆਰਾ ਕੀਤੀ ਗਈ ਟਿੱਪਣੀ ਬਾਰੇ ਪੁੱਛੇ ਗਏ ਸਵਾਲ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

**30 ਸਤੰਬਰ, 2021**

**ਸਰਹੱਦੀ ਹਾਲਾਤ ਬਾਰੇ 29 ਸਤੰਬਰ, 2021 ਨੂੰ ਚੀਨੀ ਵਿਦੇਸ਼ ਮੰਤਰੀ ਦੇ ਬੁਲਾਰੇ ਦੁਆਰਾ ਕੀਤੀ ਗਈ ਟਿੱਪਣੀ ਬਾਰੇ ਪੁੱਛੇ ਗਏ ਸਵਾਲ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:**

ਅਸੀਂ ਕੁਝ ਦਿਨ ਪਹਿਲਾਂ ਹੀ ਆਪਣਾ ਨਜ਼ਰੀਆ ਸਪਸ਼ਟ ਕੀਤਾ ਸੀ ਕਿ ਅਸੀਂ ਅਜਿਹੇ ਬਿਆਨਾਂ ਨੂੰ ਖ਼ਾਰਜ ਕਰਦੇ ਹਾਂ ਜਿਨ੍ਹਾਂ ਪਿੱਛੇ ਤੱਥਾਂ ਦਾ ਆਧਾਰ ਨਹੀਂ ਹੈ। ਚੀਨੀ ਪੱਖ ਦੁਆਰਾ ਵੱਡੀ ਗਿਣਤੀ ਵਿੱਚ ਫੌਜਾਂ ਨੂੰ ਇਕੱਠਾ ਕਰਨ, ਉਨ੍ਹਾਂ ਵੱਲੋਂ ਭੜਕਾਉ ਵਤੀਰਾ ਕਰਨ ਅਤੇ ਸਾਡੇ ਸਾਰੇ ਦੁਵੱਲੇ ਸਮਝੌਤਿਆਂ ਦੀ ਉਲੰਘਣਾ ਕਰ ਹਾਲਾਤ ਨੂੰ ਬਦਲਣ ਦੀ ਇਕਪਾਸੜ ਕੋਸ਼ਿਸ਼ਾਂ ਕਾਰਨ ਪੂਰਬੀ ਲੱਦਾਖ ਵਿੱਚ ਅਸਲ ਕੰਟਰੋਲ ਰੇਖਾ ਉੱਤੇ ਅਮਨ ਅਤੇ ਸ਼ਾਂਤੀ ਵਿੱਚ ਗੰਭੀਰ ਵਿਘਨ ਪਿਆ। ਚੀਨ ਸਰਹੱਦੀ ਖੇਤਰਾਂ ਵਿੱਚ ਵੱਡੀ ਗਿਣਤੀ ਵਿੱਚ ਫ਼ੌਜਾਂ ਅਤੇ ਹਥਿਆਰਾਂ ਦੀ ਤਾਇਨਾਤੀ ਜਾਰੀ ਰੱਖ ਰਿਹਾ ਹੈ। ਚੀਨੀ ਕਾਰਵਾਈਆਂ ਦੇ ਜਵਾਬ ਵਿੱਚ ਹੀ ਸਾਡੀਆਂ ਹਥਿਆਰਬੰਦ ਫੌਜਾਂ ਨੂੰ ਇਨ੍ਹਾਂ ਖੇਤਰਾਂ ਵਿੱਚ ਜਵਾਬੀ ਕਾਰਵਾਈ ਵਜੋਂ ਢੁਕਵੀਂ ਜਵਾਬੀ ਤਾਇਨਾਤੀ ਕਰਨੀ ਪਈ ਤਾਂ ਜੋ ਭਾਰਤ ਦੇ ਸੁਰੱਖਿਆ ਹਿੱਤਾਂ ਦੀ ਪੂਰਨ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਜਿਵੇਂ ਕਿ ਇਸ ਮਹੀਨੇ ਦੇ ਸ਼ੁਰੂ ਵਿੱਚ ਚੀਨੀ ਵਿਦੇਸ਼ ਮੰਤਰੀ ਨਾਲ ਹੋਈ ਮੁਲਾਕਾਤ ਦੌਰਾਨ ਭਾਰਤੀ ਵਿਦੇਸ਼ ਮੰਤਰੀ ਨੇ ਜ਼ੋਰ ਦਿੱਤਾ ਸੀ, ਸਾਨੂੰ ਉਮੀਦ ਹੈ ਕਿ ਚੀਨੀ ਪੱਖ ਪੂਰਬੀ ਲੱਦਾਖ ਵਿੱਚ ਅਸਲ ਕੰਟਰੋਲ ਰੇਖਾ ਉੱਤੇ ਦੁਵੱਲੇ ਸਮਝੌਤਿਆਂ ਅਤੇ ਪ੍ਰੋਟੋਕਾਲਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਦੇ ਹੋਏ ਬਾਕੀ ਮੁੱਦਿਆਂ ਦੇ ਛੇਤੀ ਨਿਪਟਾਰੇ ਵੱਲ ਕੰਮ ਕਰੇਗਾ।

ਨਵੀਂ ਦਿੱਲੀ
30 ਸਤੰਬਰ, 2021

DISCLAIMER: This is an approximate translation. The original is available in English on MEA’s website and may be referred to as the official press release.